# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਵਾਰਡ ਨੰ: 15 ਵਿਖੇ ਇੰਨਟਰਲਾਕਿੰਗ ਟਾਈਲਾਂ ਨਾਲ ਬਣਾਈਆਂ ਜਾ ਰਹੀਆਂ ਗਲੀਆਂ ਦੇ ਕੰਮ ਦੀ ਕੀਤੀ ਅਚਨਚੇਤ ਚੈਕਿੰਗ।

ਹੁਸ਼ਿਆਰਪੁਰ 11 ਦਸੰਬਰ ਨਗਰ ਨਿਗਮ ਹੁਸ਼ਿਆਰਪੁਰ ਦੇ ਵਾਰਡ ਨੰ: 15 ਦੇ ਮੁਹੱਲਾ ਸੁੰਦਰ ਨਗਰ ਵਿਖੇ ਇੰਨਟਰਲਾਕਿੰਗ ਟਾਇਲਾਂ ਨਾਲ ਬਣਾਈਆਂ ਜਾ ਰਹੀਆਂ ਗਲੀਆਂ ਦੇ ਕੰਮ ਦੀ ਮੇਅਰ ਸ਼ਿਵ ਸੂਦ ਨੇ ਅਚਨਚੇਤ ਚੈਕਿੰਗ ਕੀਤੀ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਵਾਲਾਂ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਉਹਨਾਂ ਦੱਸਿਆ ਕਿ ਨਗਰ ਨਿਗਮ ਦੇ ਵੱਖ ਵੱਖ ਵਾਰਡਾਂ ਵਿਚ ਚੱਲ ਰਹੇ ਵਿਕਾਸ ਕਾਰਜਾਂ ਦੀ ਉੱਚ ਕੁਆਲਟੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ ਉਹਨਾਂ ਮੁਹੱਲਾ ਵਾਸੀਆਂ ਨੂੰ ਕਿਹਾ ਕਿ ਉਹ ਨਗਰ ਨਿਗਮ ਵਲੋਂ ਕਰਵਾਏ ਜਾ ਵਿਕਾਸ ਕਾਰਜ ਆਪਣੀ ਨਿਗਰਾਨੀ ਹੇਠ ਕਰਵਾਉਣ ਅਤੇ ਚੱਲ ਰਹੇ ਵਿਕਾਸ ਕਾਰਜਾਂ ਵਿਚ ਜੇ ਕੋਈ ਕਮੀ ਨਜਰ ਆਵੇ ਤਾਂ ਉਹਨਾਂ ਦੇ ਧਿਆਨ ਵਿਚ ਲਿਆਉਣ। ਕੌਂਸਲਰ ਬਲਵਿੰਦਰ ਬਿੰਦੀ, ਵਿਨੋਦ ਪਰਮਾਰ, ਚੰਦਨ ਲੱਕੀ, ਡਾ: ਰਾਜਨ ਬਾਂਸਲ, ਰਘੁਨੰਦਨ, ਡਾ: ਪ੍ਰਮੋਦ ਕੁਮਾਰ, ਅਖਲੇਸ਼, ਸੰਜੇ, ਮੋਹਨ ਮੁਖੀਆ, ਜਵਾਹਰ ਪ੍ਰਸ਼ਾਦ ਅਤੇ ਮੁਹੱਲਾ ਵਾਸੀ ਵੀ ਇਸ ਮੌਕੇ ਤੇ ਹਾਜਰ ਸਨ।